**ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ- ਸਟੇਟ ਪ੍ਰੋਜੈਕਟ ਡਾਇਰੈਕਟਰ**
**ਐਸ.ਸੀ.ਓ. ਨੰ: 104-106, ਸੈਕਟਰ 34-ਏ, ਚੰਡੀਗੜ੍ਹ**

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ(ਸੈ.ਸਿ)
   ਪੰਜਾਬ।

2. ਰਾਜ ਦੇ ਸਮੂਹ ਸਕੂਲ ਪ੍ਰਿੰਸੀਪਲ/ਸਕੂਲ ਮੁਖੀ (ਵੈਬਸਾਈਟ ਰਾਹੀਂ)

ਮੀਮੋ ਨੰ:ਡਿ.ਐਸ.ਪੀ.ਡੀ/ਐਸ.ਐਸ.ਏ/2010/43000
ਮਿਤੀ, ਚੰਡੀਗੜ੍ਹ: 21-06-2010

**ਵਿਸ਼ਾ:-** **ਅੰਗਰੇਜ਼ੀ ਪ੍ਰੋਵਾਈਡਰ ਨੂੰ ਅੰਗਰੇਜ਼ੀ ਵਿਸ਼ੇ ਦੇ ਪੀਰੀਅਡ ਦੇਣ ਸੰਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

**2.0** ਉਕਤ ਵਿਸ਼ੇ ਅਧੀਨ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਹਾਈ ਸਕੂਲਾਂ ਵਿੱਚ ਅੰਗਰੇਜ਼ੀ ਸਿੱਖਿਆ ਪ੍ਰੋਵਾਈਡਰ ਹੋਣ ਦੇ ਬਾਵਜੂਦ ਵੀ ਕਈ ਸਕੂਲਾਂ ਦੇ ਮੁਖੀ 9ਵੀਂ ਅਤੇ 10ਵੀਂ ਜਮਾਤ ਦੇ ਅੰਗਰੇਜ਼ੀ ਵਿਸ਼ੇ ਦੇ ਪੀਰੀਅਡ ਉਹਨਾਂ ਨੂੰ ਦੇਣ ਤੋਂ ਗੁਰੇਜ਼ ਕਰਦੇ ਹਨ।

3.0 ਇਸ ਸੰਬੰਧੀ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅੰਗਰੇਜ਼ੀ ਸਿੱਖਿਆ ਪ੍ਰੋਵਾਈਡਰ ਅਧਿਆਪਕ ਨੂੰ ਵਿਸ਼ਾ ਮਾਹਿਰ ਹੋਣ ਕਾਰਨ ਵੱਡੀਆਂ ਜਮਾਤਾਂ ਦੇ ਅੰਗਰੇਜ਼ੀ ਵਿਸ਼ੇ ਦੇ ਪੀਰੀਅਡ ਦਿੱਤੇ ਜਾਣ।ਐਸ.ਐਸ ਮਾਸਟਰ/ਸਿੱਖਿਆ ਪ੍ਰੋਵਾਈਡਰ ਨੂੰ ਅੰਗਰੇਜ਼ੀ ਸਿੱਖਿਆ ਪ੍ਰੋਵਾਈਡਰ ਦੇ ਨਾ ਹੋਣ ਦੀ ਸੂਰਤ ਵਿੱਚ ਅੰਗਰੇਜ਼ੀ ਵਿਸ਼ੇ ਦਾ ਪੀਰੀਅਡ ਦਿੱਤਾ ਜਾ ਸਕਦਾ ਹੈ।

4.0 ਉਪਰੋਕਤ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ ਚੰਡੀਗੜ੍ਹ**